# ਦਫ਼ਤਰ ਜ਼ਿਲ੍ਹਾ ਲੋਕ ਸੰਪਕਰ ਅਫ਼ਸਰ, ਫਾਜ਼ਿਲਕਾ

ਪਾਲੀਥੀਨ ਕੈਰੀਬੈਗ ਦੀ ਵਰਤੋਂ ਕਰਨ ਵਾਲੇ ਨੂੰ ਨਹੀਂ ਬਖਸ਼ਿਆ ਜਾਵੇਗਾ -ਡਿਪਟੀ ਕਮਿਸ਼ਨਰ

30 ਨੰਵਬਰ ਤੱਕ ਜ਼ਿਲ੍ਹਾ ਹੋਵੇਗਾ ਖੁੱਲ੍ਹੇ 'ਚ ਸ਼ੋਚ ਕਰਨ ਤੋਂ ਮੁਕਤ

15 ਦਿਨਾਂ ਦੇ ਅੰਦਰ-ਅੰਦਰ ਭੇਜੀ ਜਾਵੇ ਕਾਰਵਾਈ ਰਿਪੋਰਟ

11 ਅਕਤੂਬਰ 2017 ਤੱਕ ਬਣਾਏ ਜਾਣਗੇ 3100 ਪਖਾਨੇ

ਪ੍ਰਤੀ ਘਰ ਨੂੰ ਦਿੱਤੀ ਜਾ ਰਹੀ ਹੈ ਸਹਾਇਤਾ ਰਾਸ਼ੀ

ਫਾਜ਼ਿਲਕਾ 29 ਸਤੰਬਰ

ਜ਼ਿਲ੍ਹੇ ਨੂੰ ਪਾਲੀਥੀਨ ਕੈਰੀ ਬੈਗ ਤੋਂ ਮੁਕਤ ਕਰਵਾਉਣ ਹਿੱਤ ਵਿੱਢੀ ਗਈ ਮੁਹਿੰਮ ਨੂੰ ਲੈ ਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਕੀਤੀ ਗਈ ਕਾਰਵਾਈ ਨੂੰ ਲੈ ਕੇ ਮੀਟਿੰਗ ਕੀਤੀ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਕੀਤੀ ਗਈ ਮੀਟਿੰਗ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਵਾਤਾਵਰਣ ਦੀ ਸ਼ੁੱਧਤਾ ਨੂੰ ਮੁੱਖ ਰੱਖਦਿਆਂ ਜ਼ਿਲ੍ਹੇ ਨੂੰ ਪਾਲੀਥੀਨ ਕੈਰੀ ਬੈਗ ਤੋਂ ਮੁਕਤ ਕਰਨ ਲਈ ਯੋਗ ਉਪਰਾਲੇ ਕੀਤੇ ਜਾਣ ਤੇ 15 ਦਿਨਾਂ ਦੇ ਅੰਦਰ-ਅੰਦਰ ਕਾਰਵਾਈ ਦੀ ਰਿਪੋਰਟ ਭੇਜੀ ਜਾਵੇ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਪਾਲੀਥੀਨ ਕੈਰੀ ਬੈਗ ਮੁਕਤ ਮੁਹਿੰਮ ਦੀ ਕਾਰਗੁਜ਼ਾਰੀ ਦਾ ਲੇਖਾ-ਜੋਖਾ ਲੈਂਦਿਆਂ ਅਧਿਕਾਰੀਆਂ ਨੂੰ ਜ਼ਿਲ੍ਹੇ ਅੰਦਰ ਛੋਟੇ ਤੇ ਵੱਡੇ ਵਪਾਰਕ ਅਦਾਰਿਆਂ ਨੂੰ ਪਾਲੀਥੀਨ ਕੈਰੀ ਬੈਗ ਦੀ ਵਰਤੋਂ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕਰਨ ਦੇ ਆਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਪਾਲੀਥੀਨ ਕੈਰੀ ਬੈਗ ਦੀ ਵਰਤੋਂ ਨਹੀਂ ਕਰਨ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਰਤੋਂ ਕਰਨ ਵਾਲਿਆਂ ਖਿਲਾਫ ਜ਼ੁਰਮਾਨਾ ਕੀਤਾ ਜਾਵੇ ਤੇ ਪਾਲੀਥੀਨ ਬੈਗ ਦਾ ਸਟਾਕ ਵੀ ਜ਼ਬਤ ਕੀਤਾ ਜਾਵੇ। ਉਨ੍ਹਾਂ ਸਮੂਹ ਐਸ.ਡੀ.ਐਮਜ਼ ਨੂੰ ਈ.ਓਜ਼ ਨਾਲ ਮਿਲ ਕੇ ਇਸ ਕਾਰਵਾਈ ਦੀ ਸੁਪਰਵੀਜਨ ਕਰਨ ਦੀ ਹਦਾਇਤ ਕੀਤੀ।

ਇਸ ਉਪਰੰਤ ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹੇ ਨੂੰ ਖੁੱਲ੍ਹੇ 'ਚ ਸ਼ੋਚ ਮੁਕਤ ਕਰਨ ਹਿੱਤ ਵੀ ਅਧਿਕਾਰੀਆਂ ਨੂੰ ਲੋੜੀਂਦੇ ਆਦੇਸ਼ ਦਿੱਤੇ ਗਏ। ਉਨ੍ਹਾਂ ਕਿਹਾ ਕਿ 2 ਅਕਤੂਬਰ ਨੂੰ ਸਵੱਛ ਭਾਰਤ ਅਭਿਆਨ ਦੀ ਮਨਾਈ ਜਾ ਰਹੀ ਤੀਜੀ ਵਰ੍ਹੇਗੰਢ ਦੇ ਸਬੰਧ ਵਿੱਚ ਜ਼ਿਲ੍ਹੇ ਨੂੰ ਸਾਫ ਅਤੇ ਖੁੱਲ੍ਹੇ 'ਚ ਸ਼ੋਚ ਮੁਕਤ ਮੁਹਿੰਮ ਚਲਾਈ ਗਈ ਹੈ। ਉਨ੍ਹਾਂ ਕਿਹਾ ਕਿ 30 ਨੰਵਬਰ ਤੱਕ ਪੂਰੇ ਜ਼ਿਲ੍ਹੇ ਨੂੰ ਖੁੱਲ੍ਹੇ 'ਚ ਸ਼ੋਚ ਕਰਨ ਦਾ ਟੀਚਾ ਮਿਥਿਆ ਗਿਆ ਹੈ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਪ੍ਰਤੀ ਅਧਿਕਾਰੀ ਨੂੰ 10-10 ਪਿੰਡਾਂ ਦੀ ਚੋਣ ਕਰਕੇ ਉਸਦੀ ਨਿਗਰਾਨੀ ਰੱਖਣ ਅਤੇ ਪਖਾਣੇ ਬਣਾਉਣ ਦੇ ਆਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਪਿੰਡਾਂ ਵਿਖੇ ਤੈਨਾਤ ਕੀਤੇ ਮੋਟੀਵੇਟਰਾਂ ਨਾਲ ਮੀਟਿੰਗ ਕਰਨ ਤੇ ਇਸ ਮੁਹਿੰਮ ਨੂੰ ਨੇਪਰੇ ਚੜ੍ਹਾਉਣ ਵਿੱਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ 10 ਪਖਾਨਿਆਂ ਨੂੰ 10 ਦਿਨਾਂ 'ਚ ਬਣਾਉਣ ਦਾ ਕੰਮ ਪੂਰਾ ਕੀਤਾ ਜਾਵੇ ਤਾਂ ਇਸ ਮੁਹਿੰਮ ਨੂੰ ਮਿੱਥੇ ਸਮੇਂ ਅੰਦਰ ਪੂਰਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸਵੱਛ ਭਾਰਤ ਮੁਹਿੰਮ ਤਹਿਤ ਸਿਰਫ ਉਨ੍ਹਾਂ ਗਰੀਬ ਤੇ ਲੋੜਵੰਦ ਨੂੰ ਪਖਾਨੇ ਬਣਾ ਕੇ ਦਿੱਤੇ ਜਾ ਰਹੇ ਹਨ ਜੋ ਆਰਥਿਕ ਸਥਿਤੀ ਤੋਂ ਕਮਜ਼ੋਰ ਹਨ। ਪਖਾਣੇ ਬਣਾਉਣ ਲਈ ਪ੍ਰਤੀ ਘਰ ਨੂੰ 15000 ਰੁਪਏ ਦੀ ਮਾਲੀ ਸਹਾਇਤਾ 3 ਕਿਸ਼ਤਾਂ ਵਿੱਚ ਵੀ ਦਿੱਤੀ ਜਾ ਰਹੀ ਹੈ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ(ਵਿਕਾਸ) ਸ੍ਰੀ ਰਣਬੀਰ ਸਿੰਘ ਮੁੱਧਲ, ਸਹਾਇਕ ਕਮਿਸ਼ਨਰ(ਅੰਡਰ ਟ੍ਰੇਨਿੰਗ) ਸ੍ਰੀ ਰਣਦੀਪ ਸਿੰਘ ਅਹੀਰ, ਐਸ. ਡੀ.ਐਮ. ਫਾਜ਼ਿਲਕਾ ਸ੍ਰੀ ਬਲਬੀਰ ਰਾਜ, ਐਸ. ਡੀ.ਐਮ.ਅਬੋਹਰ ਮਿਸ ਪੂਨਮ ਸਿੰਘ, ਐਸ. ਡੀ.ਐਮ. ਜਲਾਲਾਬਾਦ ਸ. ਪ੍ਰਿਥੀ ਸਿੰਘ, ਤਹਿਸੀਲਦਾਰ ਫਾਜ਼ਿਲਕਾ ਸ. ਦਰਸ਼ਨ ਸਿੰਘ, ਸਮੂਹ ਨਾਇਬ ਤਹਿਸੀਲਦਾਰ, ਜਨ ਸਿਹਤ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਸ੍ਰੀ ਰਵਿੰਦਰ ਕੁਮਾਰ, ਡੀ.ਐਫ.ਐਸ.ਸੀ. ਸ੍ਰੀਮਤੀ ਗੀਤਾ ਬਿਸ਼ਬੂ, ਸਮੂਹ ਨਗਰ ਕੌਂਸਲ ਈ.ਓਜ਼ ਤੇ ਬੀ.ਡੀ.ਪੀ.ਓਜ਼ ਤੋਂ ਇਲਾਵਾ ਵੱਖ-ਵੱਖ ਵਪਾਰਕ ਐਸੋਸੀਏਸ਼ਨਾਂ ਦੇ ਨੁਮਾਇੰਦੇ ਹਾਜ਼ਰ ਸਨ।